# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 24-07-2025**

## ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ

- ਭਾਰਤ ਅਤੇ ਬਰਤਾਨੀਆ ਨੇ ਵਪਾਰ ਅਤੇ ਰੱਖਿਆ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਵਾਲੇ ਆਜ਼ਾਦ ਵਪਾਰ ਸਮਝੌਤੇ (FTA) 'ਤੇ ਦਸਤਖਤ ਕੀਤੇ ਨੇ।
- ਪੰਜਾਬ ਕੈਬਿਨੇਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਲੁਧਿਆਣਾ ਦੇ ਛਾਉਣੀ ਮੁਹੱਲਾ ਵਿੱਚ 84 ਲੱਖ ਰੁਪਏ ਦੀ ਲਾਗਤ ਨਾਲ ਬਣੇ ਮੱਛੀ ਪਾਲਣ ਵਿਭਾਗ ਦੇ ਇੱਕ ਨਵੇਂ ਪ੍ਰਸ਼ਾਸਕੀ ਦਫ਼ਤਰ ਦਾ ਉਦਘਾਟਨ ਕੀਤਾ।
- ਜ਼ਿਲਾ ਫਤਿਹਗੜ੍ਹ ਸਾਹਿਬ ਵਿੱਚ ਸਾਈਬਰ ਕ੍ਰਾਈਮ ਦੇ ਮਾਮਲੇ ਵਿੱਚ 30 ਲੱਖ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਸਾਈਬਰ ਕ੍ਰਾਈਮ

ਪੁਲਿਸ ਵੱਲੋਂ ਕੇਰਲਾ ਦੇ ਮਾਲਾਪੁਰਮ ਤੋਂ ਮਾਸਟਰ ਮਾਇੰਡ ਆਰੋਪੀ ਨੂੰ ਗ੍ਰਿਫਤਾਰ ਕੀਤਾ ਗਿਆ ਏ|

- ਅੰਮ੍ਰਿਤਸਰ ਦੇ ਕੰਪਨੀ ਬਾਗ ਨੇੜੇ ਪੁਲਿਸ ਅਤੇ ਅਪਰਾਧੀਆਂ ਵਿਚਕਾਰ ਮੁਕਾਬਲਾ. ਇੱਕ ਵਿਅਕਤੀ ਜਖਮੀ।
- ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਦਰਮਿਆਨ, ਮੈਨਚੈਸਟਰ ਦੇ ਓਲਡ ਟ੍ਰੈਫੋਰਡ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਸੀਰੀਜ਼ ਦੇ ਚੌਥੇ ਟੈਸਟ ਦੇ ਦੂਜੇ ਦਿਨ ਦੀ ਖੇਡ ਜਾਰੀ ਏ।

## ਹੁਣ ਖ਼ਬਰਾਂ ਵਿਸਥਾਰ ਨਾਲ....

ਭਾਰਤ ਅਤੇ ਬਰਤਾਨੀਆ ਨੇ ਵਪਾਰ ਅਤੇ ਰੱਖਿਆ ਸਮੇਤ ਵੱਖ-ਵੱਖ ਖੇਤਰਾਂ ਵਿੱਚ ਭਾਰਤ ਅਤੇ ਬਰਤਾਨੀਆ ਦੀ ਸਾਂਝੀ ਖੁਸ਼ਹਾਲੀ ਦਾ ਰਾਹ ਪੱਧਰਾ ਕਰਨ ਵਾਲੇ ਆਜ਼ਾਦ ਵਪਾਰ ਸਮਝੌਤੇ (FTA) 'ਤੇ ਅੱਜ ਲੰਡਨ ਵਿੱਚ ਦਸਤਖਤ ਕੀਤੇ. FTA 'ਤੇ ਦਸਤਖਤ ਤੋਂ ਬਾਅਦ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੇ ਪ੍ਰੈਸ ਬਿਆਨ ਵਿੱਚ ਕਿਹਾ ਕਿ ਅੱਜ ਭਾਰਤ-ਬਰਤਾਨੀਆ ਦੁਵੱਲੇ ਸਬੰਧਾਂ ਵਿੱਚ ਇੱਕ ਇਤਿਹਾਸਕ ਦਿਨ ਏ । ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਕਈ ਸਾਲਾਂ ਦੀ ਸਖ਼ਤ ਮਿਹਨਤ ਤੋਂ ਬਾਅਦ,

ਦੋਵਾਂ ਦੇਸ਼ਾਂ ਵਿਚਕਾਰ ਵਿਆਪਕ ਆਰਥਿਕ ਅਤੇ ਵਪਾਰ ਸਮਝੌਤਾ ਹੋਇਆ ਏ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਭਾਰਤ ਅਤੇ ਬਰਤਾਨੀਆ ਦੀ ਸਾਂਝੀ ਖੁਸ਼ਹਾਲੀ ਦਾ ਰਾਹ ਪੱਧਰਾ ਕਰਦਾ ਏ | ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤੀ ਟੈਕਸਟਾਈਲ, ਜੁੱਤੀਆਂ, ਰਤਨ ਅਤੇ ਗਹਿਣੇ, ਸਮੁੰਦਰੀ ਭੋਜਨ ਅਤੇ ਇੰਜੀਨੀਅਰਿੰਗ ਸਾਜ਼ੋ - ਸਾਮਾਨ ਨੂੰ ਬਰਤਾਨੀਆ ਵਿੱਚ ਬਿਹਤਰ ਬਾਜ਼ਾਰ ਪਹੁੰਚ ਮਿਲੇਗੀ। ਉਨ੍ਹਾਂ ਅੱਗੇ ਕਿਹਾ ਕਿ ਡੱਬਾਬੰਦ ਖੁਰਾਕੀ ਵਸਤਾਂ ਦੀ ਸਨਅਤ ਨੂੰ ਬਰਤਾਨੀਆ ਦੇ ਬਾਜ਼ਾਰ ਵਿੱਚ ਨਵੇਂ ਮੌਕੇ ਮਿਲਣਗੇ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਭਾਰਤ ਦੇ ਨੌਜਵਾਨਾਂ, ਕਿਸਾਨਾਂ, ਮਛੇਰਿਆਂ ਅਤੇ MSME ਸੈਕਟਰਾਂ ਲਈ ਵਿਸ਼ੇਸ਼ ਤੌਰ 'ਤੇ ਲਾਭਦਾਇਕ ਸਾਬਤ ਹੋਵੇਗਾ।_ਇਸੇ ਤਰ੍ਹਾਂ, ਆਪਣੇ ਬਿਆਨ ਵਿੱਚ, ਬਰਤਾਨੀਆ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਕਿਹਾ ਕਿ FTA ਯੂਰਪੀ ਸੰਘ ਛੱਡਣ ਤੋਂ ਬਾਅਦ ਬਰਤਾਨੀਆ ਵਲੋਂ ਕੀਤਾ ਗਿਆ ਸਭ ਤੋਂ ਵੱਡਾ ਅਤੇ ਸਭ ਤੋਂ ਵਧ ਆਰਥਿਕ ਤੌਰ 'ਤੇ ਮਹੱਤਵਪੂਰਨ ਵਪਾਰ ਸੌਦਾ ਏ। ਉਨ੍ਹਾਂ ਕਿਹਾ ਕਿ ਇਹ ਇੱਕ ਸ਼ਕਤੀਸ਼ਾਲੀ ਸੰਦੇਸ਼ ਦਿੰਦਾ ਏ ਕਿ ਬਰਤਾਨੀਆ ਅੰਤਰਰਾਸ਼ਟਰੀ ਕਾਰੋਬਾਰ ਲਈ ਖੁੱਲ੍ਹਾ ਏ। ਪ੍ਰਧਾਨ ਮੰਤਰੀ

ਮੋਦੀ ਦਾ ਉਨ੍ਹਾਂ ਦੀ ਅਗਵਾਈ ਅਤੇ ਵਿਹਾਰਕਤਾ ਲਈ ਧੰਨਵਾਦ ਕਰਦਿਆਂ, ਸ਼੍ਰੀ ਸਟਾਰਮਰ ਨੇ ਕਿਹਾ ਕਿ ਇਹ ਸੌਦਾ ਦੋਵਾਂ ਦੇਸ਼ਾਂ ਨੂੰ ਵੱਡੇ ਲਾਭ ਪਹੁੰਚਾਏਗਾ। ਬਰਤਾਨੀਆ ਦੇ ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਇਸ ਨਾਲ ਹਰ ਸਾਲ ਬਰਤਾਨੀਆ ਦੀ ਆਰਥਿਕਤਾ ਵਿੱਚ ਲਗਭਗ 4.8 ਅਰਬ ਪੌਂਡ ਅਤੇ ਤਨਖਾਹਾਂ ਵਿੱਚ 2.2 ਅਰਬ ਪੌਂਡ ਦਾ ਵਾਧਾ ਹੋਵੇਗਾ.ਪੇਸ਼ ਏ ਸਾਡੇ ਪ੍ਰੂਕਰ ਦੀ ਇੱਕ ਰਿਪੋਰਟ

VC

---------------------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਲੁਧਿਆਣਾ ਦੇ ਛਾਉਣੀ ਮੁਹੱਲਾ ਵਿੱਚ ਮੱਛੀ ਪਾਲਣ ਵਿਭਾਗ ਲਈ ਇੱਕ ਨਵੇਂ ਪ੍ਰਸ਼ਾਸਕੀ ਦਫ਼ਤਰ ਦਾ ਉਦਘਾਟਨ ਕੀਤਾ, ਜੋ ਕਿ 84 ਲੱਖ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਏ । ਇਸ ਅਤਿ-ਆਧੁਨਿਕ ਕੇਂਦਰ ਦਾ ਉਦੇਸ਼ ਸੇਵਾਵਾਂ ਨੂੰ ਸੁਚਾਰੂ ਬਣਾਉਣਾ ਅਤੇ ਪੰਜਾਬ ਭਰ ਵਿੱਚ ਮੱਛੀ ਅਤੇ ਝੀਂਗਾ ਪਾਲਕਾਂ ਨੂੰ ਵਧੀ ਹੋਈ ਸਹਾਇਤਾ ਪ੍ਰਦਾਨ ਕਰਨਾ ਏ । ਉਦਘਾਟਨ ਕਰਨ ਮੌਕੇ ਬੋਲਦਿਆਂ

ਕੈਬਨਿਟ ਮੰਤਰੀ ਖੁੱਡੀਆਂ ਨੇ ਪੰਜਾਬ ਦੇ ਮਜ਼ਬੂਤ ਮੱਛੀ ਪਾਲਣ ਖੇਤਰ 'ਤੇ ਚਾਨਣਾ ਪਾਇਆ, ਤੇ ਦੱਸਿਆ ਕਿ ਸੂਬਾ ਸਾਲਾਨਾ 2 ਲੱਖ ਟਨ ਮੱਛੀ ਪੈਦਾ ਕਰਦਾ ਏ , ਜਿਸ ਵਿੱਚ ਲਗਭਗ 43 ਹਜ਼ਾਰ,683 ਏਕੜ ਰਕਬਾ ਮੱਛੀ ਪਾਲਣ ਲਈ ਸਮਰਪਿਤ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਵਾਂ ਦਫ਼ਤਰ ਮੱਛੀ ਪਾਲਕਾਂ ਲਈ ਇੱਕ-ਸਟਾਪ ਕੇਂਦਰ ਵਜੋਂ ਕੰਮ ਕਰੇਗਾ ਜਿਸ ਨਾਲ ਵਸੀਲਿਆਂ ਅਤੇ ਸੇਵਾਵਾਂ ਤੱਕ ਸੁਚਾਰੂ ਪਹੁੰਚ ਇਕੋ ਥਾਂ ਸੰਭਵ ਹੋਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੱਛੀ ਪਾਲਣ ਨੂੰ ਇੱਕ ਲਾਭਦਾਇਕ ਸਹਾਇਕ ਕਿੱਤੇ ਵਜੋਂ ਅਪਣਾਉਣ ਤਾਂ ਜੋ ਉਨ੍ਹਾਂ ਦੀ ਆਮਦਨ ਵਧ ਸਕੇ, ਉਨ੍ਹਾਂ ਨੂੰ ਸੂਬਾ ਸਰਕਾਰ ਵੱਲੋਂ ਵਿਆਪਕ ਸਹਾਇਤਾ ਦਾ ਭਰੋਸਾ ਦਿੱਤਾ ਜਾ ਸਕੇ। ਕੈਬਨਿਟ ਮੰਤਰੀ ਨੇ ਸਾਰੇ ਮੱਛੀ ਅਤੇ ਝੀਂਗਾ ਪਾਲਕਾਂ ਦੇ ਰਾਜ ਦੀ ਆਰਥਿਕਤਾ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਸਵੀਕਾਰ ਕੀਤਾ। ਇਸ ਮੌਕੇ ਮੱਛੀ ਪਾਲਣ ਵਿਭਾਗ ਦੇ ਡਾਇਰੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਮੱਛੀ ਅਤੇ ਝੀਂਗਾ ਪਾਲਣ ਵਾਲੇ ਤਲਾਬਾਂ, ਮੱਛੀ ਢੋਆ-ਢੁਆਈ ਵਾਹਨਾਂ ਦੀ ਖਰੀਦ, ਮੱਛੀ ਸਟੋਰ ਤੇਦੁਕਾਨਾਂ, ਕੋਲਡ ਸਟੋਰੇਜ

ਪਲਾਂਟ, ਮੱਛੀ ਫੀਡ ਮਿੱਲਾਂ ਅਤੇ ਸਜਾਵਟੀ ਮੱਛੀ ਯੂਨਿਟਾਂ ਵਰਗੇ ਵੱਖ ਵੱਖ ਪ੍ਰੋਜੈਕਟਾਂ ਨੂੰ ਅਪਣਾਉਣ ਲਈ 40 ਫੀਸਦੀ ਤੋਂ 60 ਫੀਸਦੀ ਤੱਕ ਸਬਸਿਡੀ ਦਿੱਤੀ ਜਾ ਰਹੀ ਏ।

----------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਸਰਕਾਰੀ ਰਜਿੰਦਰਾ ਹਸਪਤਾਲ ਦਾ ਦੌਰਾ ਕੀਤਾ ਅਤੇ ਦਾਖਲ ਮਰੀਜ਼ਾਂ ਅਤੇ ਓ.ਪੀ.ਡੀ. 'ਚ ਦਵਾਈ ਲੈਣ ਆਏ ਮਰੀਜ਼ਾਂ ਨਾਲ ਗੱਲਬਾਤ ਕੀਤੀ ਤੇ ਹਸਪਤਾਲ 'ਚ ਮਿਲ ਰਹੀਆਂ ਸਿਹਤ ਸੇਵਾਵਾਂ ਬਾਰੇ ਪ੍ਰਤੀਕਰਮ ਲਏ. ਇਸ ਮੌਕੇ ਉਨ੍ਹਾਂ ਪਿਛਲੇ ਦਿਨੀਂ ਹਸਪਤਾਲ 'ਚ ਦਾਖਲ ਮਰੀਜ਼ ਨਾਲ ਬਾਹਰੀ ਲੋਕਾਂ ਵੱਲੋਂ ਕੀਤੇ ਝਗੜੇ ਦਾ ਗੰਭੀਰ ਨੋਟਿਸ ਲੈਂਦਿਆਂ ਸਖ਼ਤ ਸ਼ਬਦਾਂ 'ਚ ਕਿਹਾ ਕਿ ਹਸਪਤਾਲ 'ਚ ਕਿਸੇ ਵੀ ਤਰ੍ਹਾਂ ਦੇ ਲੜਾਈ ਝਗੜੇ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਸਿਹਤ ਮੰਤਰੀ ਨੇ ਸਰਕਾਰੀ ਰਜਿੰਦਰਾ ਹਸਪਤਾਲ ਦੇ ਐਮਰਜੈਂਸੀ ਸਮੇਤ ਵੱਖ ਵੱਖ ਵਾਰਡਾਂ ਦਾ ਦੌਰਾ ਕਰਕੇ ਦਾਖਲ ਮਰੀਜ਼ਾਂ ਪਾਸੋਂ ਹਸਪਤਾਲ 'ਚ ਮਿਲੀ ਰਹੀਆਂ ਸਿਹਤ ਸਹੂਲਤਾਂ ਬਾਬਤ ਪ੍ਰਤੀਕਰਮ

ਲੈਂਦਿਆਂ ਦੱਸਿਆ ਕਿ ਹਸਪਤਾਲ 'ਚ ਦਾਖਲ ਮਰੀਜ਼ਾਂ ਨੂੰ ਦਵਾਈਆਂ ਹਸਪਤਾਲ ਤੋਂ ਹੀ ਦਿੱਤੀਆਂ ਜਾ ਰਹੀਆਂ ਨੇ ਤੇ ਜੇਕਰ ਕਿਸੇ ਨੂੰ ਕੋਈ ਦਵਾਈ ਬਾਹਰ ਤੋਂ ਲਿਆਉਣ ਲਈ ਕਹਿੰਦਾ ਏ ਤਾਂ ਇਸ ਦੀ ਸੂਚਨਾ ਮੈਡੀਕਲ ਸੁਪਰੀਟੈਨਡੈਂਟ ਜਾ ਫੇਰ ਸਿੱਧੇ ਤੌਰ 'ਤੇ ਸਿਹਤ ਮੰਤਰੀ ਨੂੰ ਵੀ ਦਿੱਤੀ ਜਾ ਸਕਦੀ ਏ।

---------------------------------------------------------------

ਜ਼ਿਲਾ ਫਤਿਹਗੜ੍ਹ ਸਾਹਿਬ ਵਿੱਚ ਸਾਈਬਰ ਕ੍ਰਾਈਮ ਦੇ ਦਰਜ਼ ਹੋਏ ਮਾਮਲੇ ਵਿੱਚ 30 ਲੱਖ ਦੀ ਠੱਗੀ ਦੇ ਦੋਸ਼ ਵਿੱਚ ਸਾਈਬਰ ਕ੍ਰਾਈਮ ਪੁਲਿਸ ਵੱਲੋਂ ਕੇਰਲਾ ਦੇ ਮਾਲਾਪੁਰਮ ਤੋਂ ਮੁਖ ਸਾਜ਼ਿਸ਼ਕਾਰ ਨੂੰ ਗ੍ਰਿਫਤਾਰ ਕੀਤਾ ਗਿਆ ਏ, ਜਦੋਂਕਿ ਇਸ ਮਾਮਲੇ ਵਿੱਚ ਸੱਤ ਦੋਸ਼ੀਆਂ ਨੂੰ ਨਾਮਜਦ ਕੀਤਾ ਗਿਆ ਹੈ, ਇਨ੍ਹਾਂ ਵਿੱਚੋਂ ਚਾਰ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਏ ਤੇ ਤਿੰਨ ਅਜੇ ਪੁਲਿਸ ਦੀ ਗ੍ਰਿਫਤ ਤੋਂ ਬਾਹਰ ਨੇ. ਜ਼ਿਕਰਯੋਗ ਏ ਕਿ ਇਹ ਗੈਂਗ ਦੇਸ਼ ਦੇ ਵੱਖ-ਵੱਖ ਰਾਜਾਂ ਨਾਲ ਸਬੰਧਤ ਏ ਜੋ ਭੋਲੇ ਭਾਲੇ ਲੋਕਾਂ ਨੂੰ ਡਿਜੀਟਲ ਅਰੈਸਟ ਦਾ ਡਰਾਵਾ ਦੇ ਕੇ ਠੱਗੀ ਦਾ ਸ਼ਿਕਾਰ ਬਣਾਉਂਦੇ ਸਨ। SSP ਫਤਿਹਗੜ੍ਹ ਸਾਹਿਬ ਸ਼ੁਭਮ ਅਗਰਵਾਲ ਨੇ ਪ੍ਰੈਸ ਕਾਨਫਰਸ

ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਕਥਿਤ ਮੁਲਜ਼ਮ ਪਾਸੋਂ 30 ਲੱਖ ਦੀ ਠੱਗੀ ਵਿੱਚੋਂ ਹੁਣ ਤੱਕ 9 ਲੱਖ ਰੁਪਏ ਬਰਾਮਦ ਕਰਵਾ ਕੇ ਸ਼ਿਕਾਇਤ ਕਰਤਾ ਨੂੰ ਸੌਂਪ ਦਿੱਤੇ ਗਏ ਨੇ –

**Byte**

-------------------------------------------------------------

ਅੰਮ੍ਰਿਤਸਰ ਦੇ ਕੰਪਨੀ ਬਾਗ ਨੇੜੇ ਪੁਲਿਸ ਅਤੇ ਅਪਰਾਧੀਆਂ ਵਿਚਕਾਰ ਹੋਏ ਮੁਕਾਬਲੇ ਵਿੱਚ ਇੱਕ ਵਿਅਕਤੀ ਜਖਮੀ ਹੋ ਗਿਆ। ਇਹ ਮੁਕਾਬਲਾ ਉਸ ਸਮੇਂ ਹੋਇਆ ਜਦੋਂ ਪੁਲਿਸ ਵੱਲੋਂ ਇੱਕ ਗੈਂਗ ਦੇ ਚਾਰ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਦੀ ਕਾਰਵਾਈ ਚੱਲ ਰਹੀ ਸੀ। ਪੁਲਿਸ ਕਮਿਸ਼ਨਰ ਨੇ ਮੀਡੀਆ ਨੂੰ ਦੱਸਿਆ ਕਿ ਇਹ ਗੈਂਗ ਇੱਕ ਵਪਾਰੀ ਤੋਂ ਫਿਰੌਤੀ ਵੱਸੂਲ ਕਰਨ ਲਈ ਵਪਾਰੀ ਦੀ ਬਿਲਡਿੰਗ ਉੱਪਰ ਗੋਲੀਆਂ ਚਲਾ ਕੇ ਉਸਦੀ ਵਿਡੀਓ ਬਣਾ ਕੇ ਧਮਕੀਆਂ ਦੇ ਰਿਹਾ ਸੀ। 21 ਜੁਲਾਈ ਨੂੰ ਥਾਣਾ ਸਦਰ ਵਿੱਚ ਮਾਮਲਾ ਦਰਜ ਕੀਤਾ ਗਿਆ ਸੀ | ਇਸ ਸਬੰਧੀ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਪੁਲਿਸ ਨੇ ਚਾਰ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਏ।

-------------------------------------------------------------

ਫੂਡ ਸੇਫਟੀ ਟੀਮ ਪਟਿਆਲਾ ਵੱਲੋਂ, ਬੀਤੇ ਦਿਨੀਂ ਇੱਕ ਗੁਪਤ ਜਾਣਕਾਰੀ ਉੱਤੇ ਕਾਰਵਾਈ ਕਰਦਿਆਂ ਹਰਿਆਣਾ ਤੋਂ ਜਲੰਧਰ ਸਪਲਾਈ ਕੀਤਾ ਜਾ ਰਿਹਾ 1 ਹਜ਼ਾਰ 640 ਕਿੱਲੋ ਨਕਲੀ ਪਨੀਰ ਫੜ੍ਹਿਆ ਗਿਆ। ਇਹ ਪਨੀਰ ਰਾਜਪੁਰਾ ਤੋਂ ਫੜ੍ਹਿਆ ਗਿਆ । ਫੂਡ ਸਕਿਊਰਿਟੀ ਅਫਸਰ ਇਸ਼ਾਨ ਬਾਂਸਲ ਤੇ ਤਰੁਣ ਬਾਂਸਲ ਵੱਲੋਂ ਪਨੀਰ ਦੇ ਸੈਂਪਲ ਮੌਕੇ ਉੱਤੇ ਹੀ ਭਰੇ ਗਏ ਤੇ ਇਨ੍ਹਾਂ ਦੀ ਜਾਂਚ ਸਟੇਟ ਫੂਡ ਲੈਬੋਰੇਟਰੀ ਖਰੜ ਤੋਂ ਕਰਵਾਈ ਗਈ। ਰਿਪੋਰਟ ਵਿੱਚ ਇਹ ਸਾਹਮਣੇ ਆਇਆ ਕਿ ਇਹ ਪਨੀਰ ਨਕਲੀ ਸੀ ਤੇ ਇਸ ਦੀ ਵਰਤੋਂ ਮਨੁੱਖੀ ਸਿਹਤ ਲਈ ਹਾਨੀਕਾਰਕ ਹੋ ਸਕਦੀ ਸੀ। ਮਨੁੱਖੀ ਸਿਹਤ ਨੂੰ ਹੋਣ ਵਾਲੇ ਨੁਕਸਾਨ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਇਸ ਬਣਾਉਟੀ ਪਨੀਰ ਦੀ ਸਾਰੀ ਖੇਪ ਹੀ ਨਸ਼ਟ ਕਰ ਦਿੱਤੀ ਗਈ ।

-------------------------------------------------------------

ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਦਰਮਿਆਨ, ਮੈਨਚੈਸਟਰ ਦੇ ਓਲਡ ਟ੍ਰੈਫੋਰਡ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਸੀਰੀਜ਼ ਦੇ ਚੌਥੇ

ਟੈਸਟ ਦੇ ਦੂਜੇ ਦਿਨ ਦੀ ਖੇਡ ਜਾਰੀ ਏ. ਤਾਜ਼ਾ ਖਬਰਾਂ ਮਿਲਣ ਸਮੇਂ ਤਕ ਭਾਰਤ ਨੇ 337 ਦੌੜਾਂ ਬਣਾ ਲਈਆਂ ਨੇ ਤੇ ਉਸ ਦੇ 8 ਖਿਡਾਰੀ ਆਉਟ ਹੋ ਗਏ ਨੇ |

- ਭਾਰਤ ਅਤੇ ਬਰਤਾਨੀਆ ਨੇ ਵਪਾਰ ਅਤੇ ਰੱਖਿਆ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਵਾਲੇ ਆਜ਼ਾਦ ਵਪਾਰ ਸਮਝੌਤੇ (FTA) 'ਤੇ ਦਸਤਖਤ ਕੀਤੇ ਨੇ।
- ਪੰਜਾਬ ਕੈਬਿਨੇਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਲੁਧਿਆਣਾ ਦੇ ਛਾਉਣੀ ਮੁਹੱਲਾ ਵਿੱਚ 84 ਲੱਖ ਰੁਪਏ ਦੀ ਲਾਗਤ ਨਾਲ ਬਣੇ ਮੱਛੀ ਪਾਲਣ ਵਿਭਾਗ ਦੇ ਇੱਕ ਨਵੇਂ ਪ੍ਰਸ਼ਾਸਕੀ ਦਫ਼ਤਰ ਦਾ ਉਦਘਾਟਨ ਕੀਤਾ।
- ਜ਼ਿਲਾ ਫਤਿਹਗੜ੍ਹ ਸਾਹਿਬ ਵਿੱਚ ਸਾਈਬਰ ਕ੍ਰਾਈਮ ਦੇ ਮਾਮਲੇ ਵਿੱਚ 30 ਲੱਖ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਸਾਈਬਰ ਕ੍ਰਾਈਮ ਪੁਲਿਸ ਵੱਲੋਂ ਕੇਰਲਾ ਦੇ ਮਾਲਾਪੁਰਮ ਤੋਂ ਮਾਸਟਰ ਮਾਇੰਡ ਆਰੋਪੀ ਨੂੰ ਗ੍ਰਿਫਤਾਰ ਕੀਤਾ ਗਿਆ ਏ|

- ਅੰਮ੍ਰਿਤਸਰ ਦੇ ਕੰਪਨੀ ਬਾਗ ਨੇੜੇ ਪੁਲਿਸ ਅਤੇ ਅਪਰਾਧੀਆਂ ਵਿਚਕਾਰ ਮੁਕਾਬਲਾ. ਇੱਕ ਵਿਅਕਤੀ ਜਖਮੀ।
- ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਦਰਮਿਆਨ, ਮੈਨਚੈਸਟਰ ਦੇ ਓਲਡ ਟ੍ਰੈਫੋਰਡ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਸੀਰੀਜ਼ ਦੇ ਚੌਥੇ ਟੈਸਟ ਦੇ ਦੂਜੇ ਦਿਨ ਦੀ ਖੇਡ ਜਾਰੀ ਏ।

**ਇਸਦੇ ਨਾਲ ਪ੍ਰਾਦੇਸ਼ਿਕ ਖ਼ਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਰਾਸ਼ਟਰੀ ਖ਼ਬਰ ਦਾ ਅਗਲਾ ਬੁਲੇਟਿਨ ਤੁਸੀਂ**

**ਸੁਣੋਗੇ 7 ਵੱਜਕੇ ਜਕੇ 30 ਮਿੰਟ 'ਤੇ ਨਮਸਕਾਰ !**

–